ਦਫਤਰ
**ਜਿਲ੍ਹਾ ਮੈਜਿਸਟਰੇਟ, ਲੁਧਿਆਣਾ**
**(ਫੁੱਟਕਲ ਸ਼ਾਖਾ)**

OFFICE
DISTT. MAGISTRATE, LUDHIANA
(MA Branch)

**ਹੁਕਮ**

ਜੈਨ ਸਭਾ (ਰਜਿ.), ਲੁਧਿਆਣਾ ਵੱਲੋਂ ਮਿਤੀ 15.09.2026 ਨੂੰ **ਮਹਾਂਪਰਵ ਸਾਬੰਤਸਰੀ ਜਯੰਤੀ** ਦਾ ਦਿਹਾੜਾ ਮਨਾਇਆ ਜਾ ਰਿਹਾ ਹੈ। ਇਸ ਦਿਨ ਨੂੰ ਅਹਿੰਸਾ ਦਿਵਸ ਵਜੋਂ ਮਨਾਇਆ ਜਾਣਾ ਹੈ। ਇਸ ਦਿਨ ਕਿਸੇ ਵੀ ਜਾਨਵਰ ਦੀ ਹੱਤਿਆ ਕਰਨਾ ਧਾਰਮਿਕ ਰੀਤੀ-ਰਿਵਾਜਾਂ ਅਨੁਸਾਰ ਅਸ਼ੁੱਭ ਹੈ ਅਤੇ ਜੀਵ ਹੱਤਿਆ ਕਰਨ ਨਾਲ ਲੋਕਾਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚ ਸਕਦੀ ਹੈ ਅਤੇ ਸ਼ਰਾਰਤੀ ਅਨਸਰਾਂ ਵੱਲੋਂ ਇਸ ਦਾ ਨਜਾਇਜ਼ ਫਾਇਦਾ ਉਠਾਇਆ ਜਾ ਸਕਦਾ ਹੈ।

ਇਸ ਲਈ ਉਪਰੋਕਤ ਸਥਿਤੀ ਨੂੰ ਮੁੱਖ ਰੱਖਦਿਆਂ **ਮੈਂ,** ਹਿਮਾਂਸ਼ੂ ਜੈਨ, ਆਈ.ਏ.ਐਸ, ਜਿਲ੍ਹਾ ਮੈਜਿਸਟਰੇਟ, ਲੁਧਿਆਣਾ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ, 2023 ਦੀ ਧਾਰਾ 163 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦਾ ਹੋਇਆ ਇਹ ਹੁਕਮ ਜਾਰੀ ਕਰਦਾ ਹਾਂ ਕਿ ਮਿਤੀ 15.09.2026 ਨੂੰ ਜਿਲ੍ਹਾ ਲੁਧਿਆਣਾ ਦੇ ਏਰੀਏ ਵਿੱਚ **ਮੀਟ/ਮੱਛੀ ਅਤੇ ਅੰਡਿਆ ਦੀਆਂ ਦੁਕਾਨਾਂ, ਨਾਨ-ਵੈਜੀਟੇਰੀਅਨ ਹੋਟਲ/ਢਾਬੇ ਅਤੇ ਅਹਾਤੇ** ਬੰਦ ਰਹਿਣਗੇ, ਜਿਸ ਵਿੱਚ ਮੀਟ ਤੇ ਮੱਛੀ ਦੀ ਕੱਟ-ਵੱਡ ਪੂਰਨ ਰੂਪ ਵਿੱਚ ਮਿਤੀ 15.09.2026 ਨੂੰ ਬੰਦ ਰਹੇਗੀ।

ਇਹ ਹੁਕਮ ਮਾਮਲੇ ਦੀ ਤੱਤਪਰਤਾ ਨੂੰ ਧਿਆਨ ਵਿੱਚ ਰੱਖਦੇ ਹੋਏ ਇੱਕਤਰਫਾ ਪਾਸ ਕੀਤਾ ਜਾਂਦਾ ਹੈ ਅਤੇ ਆਮ ਜਨਤਾ ਨੂੰ ਸੰਬੋਧਿਤ ਕੀਤਾ ਜਾਂਦਾ ਹੈ। ਇਹ ਹੁਕਮ ਦਾ ਜਿਲ੍ਹਾ ਲੋਕ ਸੰਪਰਕ ਅਫਸਰ, ਜਿਲ੍ਹਾ ਲੁਧਿਆਣਾ ਵੱਲੋਂ ਪ੍ਰੈਸ ਮੀਡੀਆ ਰਾਹੀਂ ਪ੍ਰਚਾਰ ਹੋਵੇ। ਇਹ ਹੁਕਮਾਂ ਦੀਆਂ ਨਕਲਾਂ ਸਮੂਹ ਉਪ ਮੰਡਲ ਮੈਜਿਸਟਰੇਟ, ਤਹਿਸੀਲਦਾਰਾਂ, ਨਗਰ ਕੌਸਲਾਂ, ਬੀ.ਡੀ.ਪੀ.ਓਜ ਦਫਤਰਾਂ, ਬਲਾਕ ਸੰਮਤੀਆਂ, ਜਿਲ੍ਹਾ ਪ੍ਰੀਸ਼ਦ ਤੇ ਦਫਤਰਾਂ, ਸਮੂਹ ਗ੍ਰਾਮ ਪੰਚਾਇਤਾਂ, ਰੇਲਵੇ ਸਟੇਸ਼ਨਾ, ਬੱਸ ਸਟੈਂਡ ਅਤੇ ਸਦਰ ਮੁਕਾਮਾਂ ਆਦਿ ਦੇ ਨੋਟਿਸ ਬੋਰਡਾਂ ਤੇ ਚਸਪਾ ਕਰਕੇ ਲਾਗੂ ਕੀਤਾ ਜਾਵੇਗਾ।

ਇਹ ਹੁਕਮ ਅੱਜ ਮਿਤੀ 11.09.2026 ਨੂੰ ਮੇਰੇ ਹਸਤਾਖਰਾਂ ਅਤੇ ਅਦਾਲਤੀ ਮੋਹਰ ਹੇਠ ਜਾਰੀ ਕੀਤਾ ਗਿਆ।

DISTRICT MAGISTRATE LUDHIANA

**ਜਿਲ੍ਹਾ ਮੈਜਿਸਟਰੇਟ,**
**ਲੁਧਿਆਣਾ**

ਪਿੰਠ ਅੰਕਣ ਨੰ- 18605-30 / ਫੁਟਕਲ ਸ਼ਾਖਾ ਮਿਤੀ:- 11.09.2026

ਇਸ ਦਾ ਇੱਕ ਉਤਾਰਾ ਨਿਮਨ ਲਿਖਤ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ-

1. ਮੁੱਖ ਸਕੱਤਕ/ਗ੍ਰਹਿ ਸਕੱਤਰ, ਪੰਜਾਬ ਸਰਕਾਰ, ਚੰਡੀਗੜ੍ਹ
2. ਪ੍ਰਮੁੱਖ ਸਕੱਤਰ, ਗ੍ਰਹਿ ਮਾਮਲੇ ਅਤੇ ਨਿਆਂ ਵਿਭਾਗ, ਪੰਜਾਬ ਸਰਕਾਰ, ਚੰਡੀਗੜ੍ਹ
3. ਕਮਿਸ਼ਨਰ, ਪਟਿਆਲਾ ਮੰਡਲ, ਪਟਿਆਲਾ
4. ਪੰਜਾਬ ਰਾਜ ਦੇ ਸਾਰੇ ਜਿਲ੍ਹਾ ਮੈਜਿਸਟਰੇਟ
5. ਕਮਿਸ਼ਨਰ, ਪੁਲਿਸ, ਲੁਧਿਆਣਾ
6. ਜਿਲ੍ਹਾ ਤੇ ਸੈਸ਼ਨ ਜੱਜ, ਲੁਧਿਆਣਾ
7. ਸੀਨੀਅਰ ਪੁਲਿਸ ਕਪਤਾਨ, ਲੁਧਿਆਣਾ (ਦਿਹਾਤੀ)/ਖੰਨਾ
8. ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ/ਪੇਂਡੂ ਵਿਕਾਸ), ਲੁਧਿਆਣਾ
9. ਸਮੂਹ ਉਪ ਮੰਡਲ ਮੈਜਿਸਟਰੇਟ, ਜਿਲ੍ਹਾ ਲੁਧਿਆਣਾ
10. ਸਹਾਇਕ ਕਮਿਸ਼ਨਰ, ਆਬਕਾਰੀ ਤੇ ਕਰ ਵਿਭਾਗ, ਲੁਧਿਆਣਾ
11. ਜਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ, ਲੁਧਿਆਣਾ
12. ਜਿਲ੍ਹਾ ਮੰਡੀ ਅਫਸਰ, ਲੁਧਿਆਣਾ
13. ਸਮੂਹ ਕਾਰਜਸਾਧਕ ਅਫਸਰ, ਨਗਰ ਕੌਸ਼ਲ/ਨਗਰ ਪਾਲਿਕਾਵਾਂ, ਜਿਲ੍ਹਾ ਲੁਧਿਆਣਾ
14. ਜਿਲ੍ਹਾ ਕੰਟਰੋਲਰ, ਖੁਰਾਕ, ਸਿਵਲ ਸਪਲਾਈ ਤੇ ਖਪਤਕਾਰ ਮਾਮਲੇ, ਲੁਧਿਆਣਾ (ਪੂਰਬੀ/ਪੱਛਮੀ)
15. ਜਿਲ੍ਹਾ ਲੋਕ ਸੰਪਰਕ ਅਫਸਰ, ਲੁਧਿਆਣਾ
16. ਸਮੂਹ ਸਬੰਧਤ।

**ਜਿਲ੍ਹਾ ਮੈਜਿਸਟਰੇਟ,**
**ਲੁਧਿਆਣਾ**